


## ਸਾਨੂੰ ਦੇਸ਼ ਦੇ ਮਹਾਨ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਹਮੇਸ਼ਾ ਯਾਦ ਰੱਖਣਾ ਚਾਹੀਦੈ- ਅਨਿਲ ਮਾਧਵ

ਮੋਗਾ/ ਮਵਦੀਲਾ ਬਿਓਰੇ

ਸਾਨੂੰ ਦੇਸ਼ ਦੇ ਮਹਾਨ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਹਮੇਸ਼ਾ ਯਾਦ ਰੱਖਣਾ ਚਾਹੀਦਾ ਹੈ ਅਤੇ ਸ਼ਹੀਦਾਂ ਦੇ ਪਾਏ ਪੂਰਨਿਆਂ 'ਤੇ ਚੱਲਦਿਆਂ ਨੌਜਵਾਨ ਵਰਗ ਨੂੰ ਦੇਸ਼ ਦੇ ਨਵ-ਨਿਰਮਾਣ 'ਚ ਅੱਗੇ ਹੋ ਕੇ ਯੋਗਦਾਨ ਪਾਉਣਾ ਚਾਹੀਦਾ ਹੈ। ਇਹ ਪ੍ਰਗਟਾਵਾ ਕੇਂਦਰੀ ਵਾਤਾਵਰਣ ਤੇ ਜਲਵਾਯੂ ਮੰਤਰੀ ਸ੍ਰੀ ਅਨਿਲ ਮਾਧਵ ਦਬੇ ਨੇ ਸ਼ਹੀਦੀ ਪਾਰਕ, ਮੋਗਾ ਵਿਖੇ ਸ਼ਹੀਦਾਂ ਨੂੰ ਸਰਧਾ ਦੇ ਫੁੱਲ ਭੇਂਟ ਕਰਨ ਉਪਰੰਤ ਸਮਾਗਮ ਨੂੰ ਸੰਬੋਧਨ ਕਰਦਿਆਂ ਕੀਤਾ।

ਇਸ ਮੌਕੇ ਸੰਬੋਧਨ ਕਰਦਿਆਂ ਕੇਂਦਰੀ ਮੰਤਰੀ ਨੇ ਕਿਹਾ ਕਿ ਦੇਸ਼ ਦੇ ਮਹਾਨ ਸ਼ਹੀਦ ਕੌਮ ਦਾ ਸਰਮਾਇਆ ਹਨ ਅਤੇ ਇਹ ਨਾ ਕੇਵਲ ਸਾਡੇ ਦੇਸ਼ ਲਈ ਸਗੋਂ ਪੂਰੀ ਦੁਨੀਆਂ ਲਈ ਸਨਮਾਨ-ਜਨਕ ਹਨ ਤੇ ਉਨਾਂ ਦੀ ਸ਼ਹਾਦਤ ਲਾ-ਮਿਸਾਲ ਹੈ। ਕੇਂਦਰੀ ਮੰਤਰੀ ਨੇ ਕਿਹਾ ਕਿ ਅੱਜ ਕੇਵਲ ਭਾਰਤ ਹੀ ਨਹੀਂ ਬਲਕਿ ਸਮੁੱਚਾ ਵਿਸ਼ਵ ਜਲਵਾਯੂ ਪ੍ਰੀਵਰਤਨ ਅਤੇ ਦਹਿਸ਼ਤਵਾਦ ਆਦਿ ਸਮੱਸਿਆਵਾਂ ਨਾਲ ਜੂਝ ਰਿਹਾ ਹੈ। ਉਨਾਂ ਸਾਰੀਆਂ ਰਾਜਨੀਤਿਕ ਸ਼ਕਤੀਆਂ ਨੂੰ ਇੱਕ-ਜੁਟ ਹੋ ਕੇ ਇੰਨਾਂ ਸਮੱਸਿਆਵਾਂ ਤੋਂ ਦੇਸ਼ ਨੂੰ ਮੁਕਤ ਕਰਵਾਉਣ ਦੀ ਅਪੀਲ ਕੀਤੀ। ਇਸ ਮੌਕੇ ਕੇਂਦਰੀ ਮੰਤਰੀ ਨੂੰ ਜ਼ਿਲਾ ਭਾਜਪਾ ਕਮੇਟੀ ਅਤੇ ਹੋਰ ਜੱਥੇਬੰਦੀਆਂ ਵੱਲੋਂ ਸਨਮਾਨਿਤ ਕੀਤਾ ਗਿਆ।

## ਆਮ ਆਦਮੀ ਪਾਰਟੀ 2017 'ਚ ਸ਼ਾਨਦਾਰ ਜਿੱਤ ਹਾਸਲ ਕਰ ਕੇ ਨਵਾਂ ਇਤਿਹਾਸ ਰਚੇਗੀ -ਭਗਵੰਤ ਮਾਨ

ਨੱਥੂਵਾਲਾ ਗਰਬੀ / ਸਾਧੂ ਰਾਮ ਲੰਗੇਆਣਾ

ਪੰਜਾਬ ਦੇ ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ ਵਿਚ ਫਸਾਇਆ ਜਾ ਰਿਹਾ ਹੈ ।ਪੜੇ ਲਿਖੇ ਨੌਜਵਾਨਾਂ ਦੀਆਂ ਡਿਗਰੀਆਂ, ਡਿਪਲੋਮੇ ਲਿਫਾਫਿਆਂ 'ਚ ਰੁਲ ਰਹੇ ਹਨ । ਨੌਜਵਾਨਾਂ ਨੂੰ ਨੌਕਰੀਆਂ ਦੇਣ ਦੀ ਬਜਾਏ ਡਾਗਾਂ ਪਰੋਸੀਆਂ ਜਾ ਰਹੀਆਂ ਹਨ । ਅੱਜ ਮੌਜੂਦਾ ਸਰਕਾਰ ਦੀਆਂ ਮਾੜੀਆਂ ਨੀਤੀਆਂ ਕਾਰਨ ਪੰਜ ਆਬਾਂ ਦਾ ਪੰਜਾਬ ਪਾਣੀਆ ਦੀ ਬਜਾਏ ਸਮੈਕੀਆਂ, ਬਲੈਕੀਆਂ, ਸਿਰਾਂ ਤੋਂ ਲਹਿੰਦੀਆਂ ਚੁੰਨੀਆਂ, ਢਹਿੰਦੀਆਂ ਪੱਗਾਂ ਦਾ ਪੰਜਾਬ ਬਣ ਗਿਆ। ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿਚ ਲੋਕ ਅਕਾਲੀ ਭਾਜਪਾ ਅਤੇ ਕਾਂਗਰਸ ਪਾਰਟੀ ਦਾ ਬਿਸਤਰਾ ਗੋਲ ਕਰ ਦੇਣਗੇ ਅਤੇ 2017 ਦੀਆਂ ਚੋਣਾਂ ਵਿਚ ਆਮ ਆਦਮੀ ਪਾਰਟੀ ਸ਼ਾਨਦਾਰ ਜਿੱਤ ਪ੍ਰਾਪਤ ਕਰਕੇ ਇਕ ਨਵਾਂ ਇਤਿਹਾਸ ਰਚੇਗੀ । ਉਕਤ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਮੈਂਬਰ ਪਾਰਲੀਮੈਂਟ ਭਗਵੰਤ ਮਾਨ ਨੇ ਨੇੜਲੇ ਪਿੰਡ ਮਾਹਲਾ ਕਲਾਂ ਵਿਖੇ ਆਮ ਆਦਮੀ ਪਾਰਟੀ ਵੱਲੋਂ ਕੀਤੀ ਗਈ ਵਿਸ਼ਾਲ ਰੈਲੀ ਦੌਰਾਨ ਕੀਤਾ। ਉਨਾਂ ਅੱਗੇ ਕਿਹਾ ਕਿ ਪੰਜਾਬ ਦੇ ਲੋਕ ਮੌਜੂਦਾ ਸਰਕਾਰ ਤੋਂ ਬੁਰੀ ਤਰਾਂ ਅੱਕ ਗਏ ਹਨ ।ਲੋਕਾਂ ਦਾ ਵਿਕਾਸ ਦੀ ਥਾਂ 'ਤੇ ਵਿਨਾਸ਼ ਹੋਇਆ ਹੈ ।ਸਮੈਕ ਅਤੇ ਬਰੇਤੀ ਦੀ ਬਲੈਕ ਜ਼ੋਰਾਂ 'ਤੇ ਹੈ। ਬੁਰੀ ਤਰਾਂ ਫੇਲ ਹੋ ਚੁੱਕੀ ਸਰਕਾਰ ਹੁਣ ਮੋਬਾਇਲ ਵੈਨਾਂ ਰਾਹੀਂ ਘਰ-ਘਰ ਜਾ ਕੇ ਆਪਣੇ ਵਿਕਾਸ ਦਾ ਪ੍ਰਚਾਰ ਕਰ ਰਹੀ ਹੈ ਪਰ ਵਿਕਾਸ ਸਿਰਫ ਕਾਗਜ਼ਾਂ ਤੱਕ ਹੀ ਸੀਮਤ ਹੈ, ਕਿਸਾਨ ਖੁਦਕੁਸ਼ੀਆਂ ਦੇ ਰਾਹ ਪੈ ਰਿਹਾ ਹੈ, ਨੌਜਵਾਨ ਪੀੜੀ ਕੁਰਾਹੇ ਪੈ ਰਹੀ ਹੈ ।ਅੱਜ ਪੰਜਾਬ ਨੂੰ ਬਚਾਉਣ ਦੀ ਲੋੜ ਹੈ ।ਉਨਾਂ ਕਿਹਾ ਕਿ ਅੱਜ ਦੇ ਵਿਸ਼ਾਲ ਇਕੱਠ ਨੇ ਦਰਸਾ ਦਿੱਤਾ ਹੈ ਕਿ 2017 ਦੌਰਾਨ ਹਲਕਾ ਬਾਘਾ ਪੁਰਾਣਾ 'ਚ ਆਮ ਆਦਮੀ ਪਾਰਟੀ ਵੱਡੀ ਲੀਡ ਨਾਲ ਸ਼ਾਨਦਾਰ ਜਿੱਤ ਹਾਸਲ ਕਰੇਗੀ ? ਇਸ ਮੌਕੇ ਪ੍ਰੈਸ ਕਾਨਫਰੰਸ ਦੌਰਾਨ ਐੱਮ.ਪੀ. ਭਗਵੰਤ ਮਾਨ ਨੇ ਕਿਹਾ ਕਿ ਅਸੀਂ ਛੇ ਮਹੀਨੇ ਪਹਿਲਾਂ ਆਪਣੇ ਉਮੀਦਵਾਰ ਮੈਦਾਨ 'ਚ ਉਤਾਰ ਦਿੱਤੇ ਹਨ ਅਤੇ ਮੈਂ ਵਿਧਾਨ ਸਭਾ ਚੋਣ ਵੀ ਲੜਾਂਗਾ ।ਉਨਾਂ ਕਿਹਾ ਕਿ ਜੇਕਰ ਸਾਡੀ ਪਾਰਟੀ ਚਾਹੇਗੀ ਤਾਂ ਉਹ ਪੰਜਾਬ ਦੇ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਦੇ ਖਿਲਾਫ ਚੋਣ ਲੜਣ ਲਈ ਤਿਆਰ ਬਰ ਤਿਆਰ ਹਨ ।ਪੱਤਰਕਾਰਾਂ ਵੱਲੋਂ ਕੀਤੇ ਗਏ ਧੜਾਧੜ ਸਵਾਲਾਂ ਦੇ ਮੂਹਰੇ ਭਗਵੰਤ ਮਾਨ ਕੁਝ ਹਿਚਕਹਾਟ ਜਿਹੀ ਮਹਿਸੂਸ ਕਰਦੇ ਹੋਏ ਬਾਕੀ ਸਵਾਲਾਂ ਦੇ ਜਵਾਬ ਤੋਂ ਟਾਲਾ ਵੱਟ ਗਏ ।ਇਸ ਮੌਕੇ ਮੈਂਬਰ ਪ੍ਰੋਫੈਸਰ ਸਾਧੂ ਸਿੰਘ ਐੱਮ.ਪੀ., ਫਰੀਦਕੋਟ ਲੀਗਲ ਸੈੱਲ ਸਲਾਹਕਾਰ ਐਡਵੋਕੇਟ ਰਮੇਸ਼ ਗਰੇਵਰ, ਸੁਖਵਿੰਦਰ ਲੋਪੋ, ਹਰਪ੍ਰੀਤ ਸਿੰਘ ਰਿੰਟੂ, ਮਨਜੀਤ ਸਿੰਘ, ਬਲਜਿੰਦਰ ਸਿੰਘ ਖਾਲਸਾ, ਕਮਲ ਭਲੂਰ, ਸਰਬਜੀਤ ਬੰਬੀਹਾ, ਦੀਪਕ ਅਰੋੜਾ, ਹਰਪ੍ਰੀਤ ਸਮਾਧ ਭਾਈ, ਸਰਪੰਚ ਜਗਮੇਲ ਸਿੰਘ ਰੋਡੇ ਨੇ ਵੀ ਸੰਬੋਧਨ ਕਰਦਿਆਂ ਕਿਹਾ ਕਿ ਅੱਜ ਸਾਡੀਆਂ ਧੀਆਂ ਭੈਣਾਂ ਦੀਆਂ ਇੱਜ਼ਤਾਂ ਸੜਕਾਂ 'ਤੇ ਰੁਲ ਰਹੀਆਂ ਹਨ ।ਪੰਜਾਬ ਅੰਦਰ ਗੁੰਡਾ ਰਾਜ ਹੋ ਰਿਹਾ ਹੈ ?

ਰੈਲੀ ਵਿਚ ਕੈਪਟਨ ਗੁਰਬਿੰਦਰ ਸਿੰਘ ਕੰਗ, ਅੰਕੁਸ਼ ਨਾਰੰਗ, ਡਾ: ਕੁਲਦੀਪ ਸਿੰਘ, ਨਛੱਤਰ ਸਿੰਘ, ਪਿ?ਸੀਪਲ ਮਨਜੀਤ ਸਿੰਘ ਢਿੱਲੋਂ ਕੋਟਕਪੂਰਾ, ਮਨਜੀਤ ਸਿੰਘ ਬਿਲਾਸਪੁਰ, ਕਿਰਨਦੀਪ ਸਿੰਘ ਬੰਬੀਹਾ, ਸੁਖਦੇਵ ਸਿੰਘ ਭਲੂਰ, ਸਰਪੰਚ ਗੁਰਦਾਸ ਸਿੰਘ ਭਲੂਰ, ਰਾਜਵਿੰਦਰ ਸਿੰਘ ਧਰਮਕੋਟ, ਬਲੌਰ ਸਿੰਘ ਭਲੂਰ, ਲਖਵੀਰ ਸਮਾਲਸਰ, ਬੇਅੰਤ ਸਿੰਘ ਵਾਂਦਰ, ਅਮਨ ਗਰੇਵਾਲ, ਗੁਰਜੰਟ ਸਿੰਘ ਮਾਹਲਾ, ਸਰਬਜੀਤ ਸਿੰਘ ਸਮਾਲਸਰ, ਬਲਵਿੰਦਰ ਸਿੰਘ ਘੋਲੀਆ, ਗੁਰਵਰਿਆਮ ਸਿੰਘ, ਲਖਵੀਰ ਸਿੰਘ ਹਰੀਏਵਾਲਾ, ਜਸਪਾਲ ਸਿੰਘ ਮਾਹਲਾ, ਸੁਖਚੈਨ ਸਿੰਘ ਮਾਹਲਾ ਸਰਕਲ ਪ੍ਰਧਾਨ, ਬੇਅੰਤ ਸਿੰਘ ਵਾਂਦਰ ਐੱਸ. ਸੀ. ਵਿੰਗ, ਅਜੈਬ ਬਰਾੜ ਭਗਤਾ, ਬਲਜਿੰਦਰ ਸਿੰਘ, ਰਛਪਾਲ ਸਿੰਘ, ਜ਼ੋਰਾ ਸਿੰਘ ਸਰਪੰਚ, ਬਿਰਜੂ ਬਾਘਾ ਪੁਰਾਣਾ, ਜਰਨੈਲ ਸਿੰਘ ਬਾਘਾ ਪੁਰਾਣਾ, ਜਸਵੰਤ ਸਿੰਘ ਪ੍ਰਧਾਨ ਲੰਗੇਆਣਾ, ਗੁਰਪ੍ਰੀਤ ਸਿੰਘ ਥਰਾਜ ਤੋਂ ਇਲਾਵਾ ਵੱਡੀ ਪੱਧਰ 'ਤੇ ਪਾਰਟੀ ਨੁਮਾਇੰਦੇ, ਪਾਰਟੀ ਵਰਕਰ ਹਾਜ਼ਰ ਸਨ।

## ਪੁੜੈਣ ਸਕੂਲ ਦੀਆਂ ਵਿਦਿਆਰਥਣਾਂ ਦੀ ਮੈਰੀਟੋਰੀਅਸ ਸਕੂਲ ਲਈ ਚੋਣ



ਹੰਬੜਾਂ, 19 ਜੁਲਾਈ (ਮਨਜੀਤ ਚੱਕ ਕਲਾਂ) : ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪੁੜੈਣ ਦੀਆਂ ਦਸਵੀਂ ਸ਼੍ਰੇਣੀ ਚੋਂ 80 ਪ੍ਰਤੀਸ਼ਤ ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੀਆਂ ਦੋ ਵਿਦਿਆਰਥਣਾਂ ਦੀ ਮੈਰੀਟੋਰੀਅਸ ਸਕੂਲ ਲਈ ਚੋਣ ਹੋ ਗਈ ਹੈ ਜਾਣਕਾਰੀ ਦਿੰਦਿਆਂ ਸ਼੍ਰੇਣੀ ਇੰਚਾਰਜ ਮਨਦੀਪ ਸਿੰਘ ਨੇ ਦੱਸਿਆ ਕਿ ਦਵਿੰਦਰ ਕੌਰ ਵਾਸੀ ਪੁੜੈਣ ਤੇ ਗੁਰਪ੍ਰੀਤ ਕੌਰ ਵਾਸੀ ਕੋਟਲੀ ਨੇ ਕੁਆਲੀਫਾਇੰਗ ਪ੍ਰੀਖਿਆ 'ਚ ਵੀ ਚੰਗੇ ਅੰਕ ਪ੍ਰਾਪਤ ਕੀਤੇ ਹਨ। ਇਸ ਪ੍ਰਾਪਤੀ ਤੇ ਸਕੂਲ ਪ੍ਰਿੰਸੀਪਲ ਸ਼੍ਰੀਮਤੀ ਰਵਿੰਦਰ ਕੁਮਾਰੀ, ਮਾਸਟਰ ਤਲਵਿੰਦਰ ਸਿੰਘ, ਰਾਜਵਿੰਦਰ ਸਿੰਘ, ਸੰਤੋਖ ਸਿੰਘ, ਧਰਮਿੰਦਰ ਸਿੰਘ, ਬੇਅੰਤ ਕੌਰ, ਗੁਰਪ੍ਰੀਤ ਕੌਰ, ਨਰਿੰਦਰ ਕੌਰ ਸਮੇਤ ਸਮੂਹ ਸਟਾਫ ਨੇ ਖੁਸ਼ੀ ਜਾਹਰ ਕੀਤੀ। ਇਸ ਮੌਕੇ ਤੇ ਗਰਾਮ ਪੰਚਾਇਤ ਪੁੜੈਣ, ਨਗਰ ਨਿਵਾਸੀ ਤੇ ਸਕੂਲ ਮੈਨੇਜਮੈਂਟ ਕਮੇਟੀ ਨੇ ਵਿਦਿਆਰਥਣਾਂ ਤੇ ਉਨਾਂ ਦੇ ਪਰਿਵਾਰ ਨੂੰ ਵਧਾਈ ਦਿੱਤੀ।

## ਸੰਪਾਦਕੀ / ਸਫਾ 3 ਦੀ ਬਾਕੀ

ਕਿ ਬਦੀ ਉਪਰ ਨੇਕੀ ਦੀ ਜਿੱਤ ਹੋ ਗਈ। ਬੁੱਤ ਸੜਣ ਉਪਰੰਤ ਲੋਕ ਖਿੰਡਣੇ ਸ਼ੁਰੂ ਹੋ ਜਾਂਦੇ ਹਨ। ਕਈ ਲੋਕ ਰਾਵਣ ਦੇ ਪੁਤਲੇ ਦੀਆਂ ਅੱਧ ਸੜੀਆਂ ਲੱਕੜਾਂ ਚੁੱਕ ਕੇ ਘਰ ਲੈ ਜਾਂਦੇ ਹਨ ਉਹਨਾ ਦਾ ਮੰਨਣਾ ਹੈ ਕਿ ਇਨਾਂ ਲੱਕੜਾਂ ਨੂੰ ਘਰ ਵਿੱਚ ਰੱਖਣ ਨਾਲ ਛੋਟੇ ਬੱਚਿਆਂ ਨੂੰ ਡਰ ਨਹੀਂ ਲੱਗਦਾ, ਧੰਨ ਵਿੱਚ ਵਾਧਾ ਹੁੰਦਾ ਹੈ ਤੇ ਘਰ ਵਿੱਚ ਸ਼ਾਂਤੀ ਬਣੀ ਰਹਿੰਦੀ ਹੈ।

ਖ਼ੂਬਸੂਰਤ ਪਹਾੜੀਆਂ ਵਿਚ ਬਿਆਸ ਦਰਿਆ ਦੇ ਕਿਨਾਰੇ ਸਥਿਤ ਸੁੰਦਰ ਸ਼ਹਿਰ ਕੁੱਲੂ (ਹਿਮਾਚਲ ਪ੍ਰਦੇਸ਼) ਦਾ ਦੁਸਹਿਰਾ ਬੜਾ ਮਸ਼ਹੂਰ ਹੈ ਪਰ ਉਥੇ ਰਾਵਣ, ਕੁੰਭਕਰਨ ਤੇ ਮੇਘਨਾਥ ਦੇ ਬੁੱਤ ਨਹੀ ਸਾੜੇ ਜਾਂਦੇ। ਉਥੇ ਦੁਸਹਿਰਾ ਹਫਤਾ ਭਰ ਮਨਾਇਆ ਜਾਂਦਾ ਹੈ। ਦੇਸ਼ ਦੇ ਵੱਖ-ਵੱਖ ਹਿੱਸਿਆਂ ਤੋਂ ਲੋਕ ਇਥੇ ਦੁਸਹਿਰਾ ਦੇਖਣ ਲਈ ਪਹੁੰਚਦੇ ਹਨ। ਕੁੱਲੂ ਵਾਦੀ ਦੇ ਲੋਕ ਬਹੁਤ ਹੀ ਸੁੰਦਰ ਤਰੀਕੇ ਨਾਲ ਆਪਣੇ ਪਿੰਡ ਵਿਚ ਆਪਣੇ ਦੇਵੀ-ਦੇਵਤੇ ਦੀ ਪਾਲਕੀ ਤਿਆਰ ਕਰਦੇ ਹਨ। ਆਪਣੇ ਦੇਵੀ-ਦੇਵਤੇ ਦੀ ਮੂਰਤੀ ਪਾਲਕੀ ਵਿੱਚ ਰੱਖ ਕੇ ਉਸਨੂੰ ਮੋਢਿਆਂ 'ਤੇ ਚੁੱਕ ਕੇ ਆਪਣੇ ਪਿੰਡ ਤੋਂ ਪੈਦਲ ਚੱਲ ਕੇ ਕੁੱਲੂ ਸ਼ਹਿਰ ਤੱਕ ਜਾਂਦੇ ਹਨ। ਸ਼ਰਧਾਲੂ ਨੱਚਦੇ ਟੱਪਦੇ ਹੋਏ ਬੈਂਡ ਵਾਜਿਆਂ ਸਮੇਤ ਕੁੱਲੂ ਦੇ ਬਾਜ਼ਾਰਾਂ ਵਿਚੋਂ ਦੀ ਗੁਜ਼ਰਦੇ ਹੋਏ ਰਘੁਨਾਥ ਜੀ ਦੇ ਮੰਦਰ ਵਿਚ ਪਹੁੰਚਦੇ ਹਨ ਅਤੇ ਪੂਜਾ ਅਚਰਨਾ ਕਰਦੇ ਹਨ। ਦੇਸ਼ ਦੇ ਵੱਖ-ਵੱਖ ਰਾਜਾ ਤੋਂ ਤੇ ਵੱਖ-ਵੱਖ ਬੋਲੀਆਂ ਦੇ ਗਾਇਕ, ਕਲਾਕਾਰ ਇਸ ਮੇਲੇ ਵਿਚ ਸ਼ਾਮਲ ਹੋਣ ਕੇ ਆਪਣੀ ਕਲਾ ਦਾ ਪ੍ਰਦਰਸ਼ਨ ਕਰਦੇ ਹਨ। ਕਈ ਪ੍ਰਾਈਵੇਟ ਤੇ ਸਰਕਾਰੀ ਅਦਾਰਿਆਂ ਵਲੋਂ ਪ੍ਰਦਰਸ਼ਨੀਆਂ ਵੀ ਲੱਗਾਈਆਂ ਜਾਂਦੀਆਂ ਹਨ ਜਿਥੇ ਵਾਜਬ ਰੇਟਾ 'ਤੇ ਵਸਤੂਆਂ ਮਿਲਦੀਆ ਹਨ। ਇਥੇ ਇੱਕ ਖਾਸੀਅਤ ਹੈ ਕਿ ਦੁਸਹਿਰੇ ਵਿੱਚ ਕੋਈ ਵੀ ਵਿਅਕਤੀ ਸ਼ਰਾਬ ਪੀ ਕੇ ਜਾਂ ਨਸ਼ਾ ਕਰਕੇ ਨਹੀਂ ਆਉਂਦਾ। ਇਹ ਸਾਰਾ ਨਜ਼ਾਰਾ ਵੇਖਣਯੋਗ ਹੁੰਦਾ ਹੈ।

ਸ਼ਮੁੱਚੇ ਦੇਸ਼ ਵਿੱਚ ਦੁਸਹਿਰੇ ਵਾਲੇ ਦਿਨ ਖਰੀਦਦਾਰੀ ਕਰਨੀ ਵਧੀਆ ਮੰਨੀ ਜਾਂਦੀ ਹੈ, ਜਿਸ 'ਚ ਸੋਨਾ, ਚਾਂਦੀ ਅਤੇ ਵਾਹਨਾਂ ਦੀ ਖਰੀਦਦਾਰੀ ਬਹੁਤ ਮਹੱਤਵਪੂਰਣ ਹੈ। ਬਹੁੱਤ ਲੋਕ ਇਸ ਦਿਨ ਨਵੇ ਕੰਮ ਦਾ ਆਰੰਭ ਕਰਨਾ ਸ਼ੁੱਭ ਮੰਨਦੇ ਹਨ। ਵਪਾਰੀ ਲੋਕ ਇਸ ਦਿਨ ਨਵੇਂ ਵਹੀ ਖਾਤੇ ਸ਼ੁਰੂ ਕਰਨਾ ਸ਼ੁੱਭ ਸਮਝਦੇ ਹਨ। ਦੁਸਹਿਰੇ ਦੇ ਮੇਲੇ ਤੋਂ ਵਾਪਸੀ ਤੇ ਲੋਕ ਜਲੇਬੀਆਂ, ਪਕੌੜੇ, ਪਟਾਕੇ, ਲੜੀਆ ਆਦਿ ਦੀ ਖਰੀਦੋ-ਫਰੋਖਤ ਕਰਦੇ ਹਨ। ਦੁਸਹਿਰੇ ਪਿਛੇ ਇਤਿਹਾਸਕ, ਰਾਜਨੀਤਿਕ ਤੇ ਸਮਾਜਿਕ ਕਾਰਣਾ ਦਾ ਅਧਿਐਨ ਕਰਨ ਦੀ ਆਮ ਆਦਮੀ ਜਰੂਰਤ ਨਹੀ ਸਮਝਦਾ। ਉਸ ਲਈ ਤਾਂ ਦੁਸਹਿਰੇ ਕੁੱਝ ਮਿੰਟਾ ਦਾ ਮਨੋਰੰਜਣ ਬਣ ਗਿਆ ਹੈ ਚਲੋ ਦੁਸਹਿਰੇ ਦੇ ਬਹਾਨੇ ਆਪਸੀ ਭਾਈਚਾਰਕ ਸਾਝ ਤਾਂ ਪੈਦਾ ਹੁੰਦੀ ਹੈ। ਦੁਸ਼ਹਿਰਾ ਮਨਾਉਣਾ ਸਾਡੇ ਲਈ ਫੇਰ ਵੀ ਸਫਲ ਹੀ ਸਮਝਿਆ ਜਾ ਸਕਦਾ ਹੈ, ਜੇਕਰ ਦੁਸਹਿਰਾ ਅਸੀਂ ਆਪਸੀ ਪ੍ਰੇਮ, ਸਦਭਾਵਨਾ ਨਾਲ ਮਿਲ ਕੇ ਮਨਾਈਏ। ਸਮਾਜ ਵਿੱਚੋਂ ਨਫਰਤ, ਪਾਪ, ਜਬਰ-ਜ਼ੁਲਮ, ਅਹੰਕਾਰ ਦਾ ਖਾਤਮਾ ਕਰੀਏ ਤੇ ਆਪਣਾ ਅਤੇ ਸਰਬੱਤ ਦਾ ਭਲਾ ਕਰਨ ਦਾ ਯਤਨ ਕਰੀਏ ।

